# ਦਫਤਰ ਜਿਲ੍ਹਾ ਸਿੱਖਿਆ ਅਫਸਰ(ਐ.ਸਿੱ.),ਅੰਮ੍ਰਿਤਸਰ

ਪੱਤਰ ਨੰ:ਸਸਅ/ਆਰ.ਟੀ.ਈ/2019-20/ 2019&36627 ਮਿਤੀ: 14-8-19

ਸਟਾਲਵਰਟ'ਜ਼ ਵਰਲਡ ਸਕੂਲ, ਸਾਹਮਣੇ ਫੋਰਟੀਜ਼ ਐਸਕੋਰਟ ਹਸਪਤਾਲ, ਵੇਰਕਾ ਬਾਈਪਾਸ, ਨੇੜੇ ਰੇਲਵੇ ਲਾਈਨ, ਅੰਮ੍ਰਿਤਸਰ ਨੂੰ ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ 2009 ਦੀ ਧਾਰਾ 18 ਅਤੇ ਪੰਜਾਬ ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2011 ਦੇ ਨਿਯਮ 11 ਅਧੀਨ, ਨਿਰੀਖਕ ਅਧਿਕਾਰੀਆ ਪਾਸੋਂ ਪ੍ਰਾਪਤ ਰਿਪੋਰਟ ਦੇ ਆਧਾਰ ਤੇ ਮਾਨਯੋਗ ਡੀ.ਜੀ.ਐਸ.ਈ ਪੰਜਾਬ ਜੀ ਵਲੋ ਜਾਰੀ ਪੱਤਰ ਨੰ: ਡੀ.ਜੀ.ਐਸ.ਈ/ਆਰ.ਟੀ.ਈ/2016/1276-78 ਮਿਤੀ 25-01-2016 ਦੀਆਂ ਹਦਾਇਤਾਂ ਅਨੁਸਾਰ ਜਮਾਤ ਪ੍ਰੀ-ਨਰਸਰੀ ਤੋਂ ਜਮਾਤ ਅੱਠਵੀਂ ਤੱਕ ਹੇਠ ਲਿਖੀਆ ਸ਼ਰਤਾਂ ਤਹਿਤ ਮਾਨਤਾ ਦਿੱਤੀ ਜਾਂਦੀ ਹੈ:-

1. ਸੰਸਥਾ/ ਸਕੂਲ ਕੋਈ ਕੈਪੀਟੇਸ਼ਨ ਫੀਸ ਨਹੀ ਲਵੇਗਾ ਅਤੇ ਨਾ ਹੀ ਬੱਚੇ ਜਾਂ ਉਸ ਦੇ ਮਾਤਾ ਪਿਤਾ ਜਾਂ ਸਰਪ੍ਰਸਤ ਦੀ ਛਾਂਟੀ ਦਾ ਕੋਈ ਤਰੀਕਾ ਅਪਣਾਏਗਾ।
2. ਸਕੂਲ ਕਿਸੇ ਬੱਚੇ ਨੂੰ ਜਨਮ ਦਾ ਸਬੂਤ ਨਾ ਹੋਣ ਕਾਰਨ ਜਾਂ ਜੇਕਰ ਬੱਚੇ ਵਲੋਂ ਦਾਖਲਾ ਲੈਣ ਲਈ ਬਾਅਦ ਵਿੱਚ ਵਧਾਏ ਗਏ ਸਮੇਂ ਦੌਰਾਨ ਪਹੁੰਚ ਕੀਤੀ ਜਾਂਦੀ ਹੈ ਜਾਂ ਧਰਮ/ਜਾਤੀਵਾਦ/ਜਨਮ ਸਥਾਨ ਜਾਂ ਹੋਰ ਕੋਈ ਕਾਰਨ ਕਰਕੇ ਦਾਖਲੇ ਤੋਂ ਇਨਕਾਰ ਨਹੀਂ ਕਰੇਗਾ ਅਤੇ ਐਕਟ ਦੀ ਧਾਰਾ 15 ਦੇ ਉਪਬੰਧਾਂ ਦੀ ਪਾਲਣਾ ਕਰੇਗਾ।
3. ਸਕੂਲ ਵਲੋਂ ਕਿਸੇ ਵੀ ਦਾਖਲ ਕੀਤੇ ਬੱਚੇ ਨੂੰ ਕਲਾਸ ਵਿੱਚ ਵਾਪਿਸ ਨਹੀਂ ਰੱਖਿਆ ਜਾਵੇਗਾ ਜਾਂ ਸਕੂਲ ਵਿਚੋਂ ਕੱਢਿਆ ਨਹੀਂ ਜਾਵੇਗਾ ਜਦੋਂ ਤੱਕ ਕਿ ਉਸ ਦੀ ਮੁਢਲੀ ਸਿੱਖਿਆ ਪੂਰੀ ਨਹੀਂ ਹੋ ਜਾਂਦੀ।
4. ਸਕੂਲ ਵਲੋਂ ਕਿਸੇ ਵੀ ਬੱਚੇ ਨੂੰ ਸਰੀਰਕ ਦੰਡ ਜਾਂ ਮਾਨਸਿਕ ਪ੍ਰੇਸ਼ਾਨੀ ਨਹੀਂ ਦਿੱਤੀ ਜਾਵੇਗੀ।
5. ਸਕੂਲ ਵਲੋਂ ਹਰ ਇੱਕ ਬੱਚੇ ਨੂੰ ਜਿਸ ਨੇ ਮੁੱਢਲੀ ਸਿੱਖਿਆ ਪ੍ਰਾਪਤ ਕਰ ਲਈ ਹੈ , ਨੂੰ ਨਿਯਮ 21 ਅਨੁਸਾਰ ਪ੍ਰਮਾਣ ਪੱਤਰ ਦਿੱਤਾ ਜਾਵੇਗਾ।
6. ਸਕੂਲ ਸਮੇਂ ਸਮੇਂ ਤੇ ਬਿਲਡਿੰਗ ਸੇਫਟੀ ਸਰਟੀਫਿਕੇਟ, ਫਾਇਰ ਸੇਫਟੀ ਸਰਟੀਫਿਕੇਟ ਅਤੇ ਹੋਰ ਲੋੜੀਂਦੇ ਦਸਤਾਵੇਜਾਂ ਦੀ ਮਿਆਦ ਖਤਮ ਹੋਣ ਉਪਰੰਤ ਨਵੀਨੀਕਰਨ ਕਰਵਾਏਗਾ ਅਤੇ ਇਸ ਦੀ ਕਾਪੀ ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ), ਅੰਮ੍ਰਿਤਸਰ ਵਿਖੇ ਜਮਾਂ ਕਰਵਾਏਗਾ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਸਕੂਲ ਵਿਰੁੱਧ ਮਾਨਤਾ ਰੱਦ ਕਰਨ ਸੰਬੰਧੀ ਆਰ.ਟੀ.ਈ ਐਕਟ ਅਤੇ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇਗੀ।
7. ਸਕੂਲ ਦੀ ਇਮਾਰਤ ਜਾਂ ਹੋਰ ਢਾਂਚਾ ਜਾਂ ਮੈਦਾਨ ਕੇਵਲ ਪੜ੍ਹਾਈ ਜਾਂ ਯੋਗਤਾ, ਵਿਕਾਸ ਲਈ ਹੀ ਵਰਤੇ ਜਾਣਗੇ ਅਤੇ ਇਮਾਰਤ ਅੰਦਰ ਜਾਂ ਇਸਦੇ ਬਾਹਰ ਕੋਈ ਵੀਂ ਗੈਰ ਮਾਨਤਾ ਜਮਾਤ ਨਹੀਂ ਚਲਾਈ ਜਾਵੇਗੀ।
8. ਅਧਿਆਪਕਾਂ ਲਈ ਇਹ ਜਰੂਰੀ ਹੈ ਕਿ ਉਹ ਧਾਰਾ 23 (1) ਅਨੁਸਾਰ ਵਿਦਿਅਕ ਯੋਗਤਾਵਾਂ ਪੂਰੀਆਂ ਕਰਦੇ ਹੋਣ।
9. ਸਕੂਲ ਸਿੱਖਿਆ ਵਿਭਾਗ ਵਲੋਂ ਸਮੇਂ ਸਮੇਂ ਤੇ ਜਾਰੀ ਕੀਤੀਆਂ ਹਦਾਇਤਾਂ ਦੀ ਪਾਲਣਾ ਕਰੇਗਾ। ਬਾਕੀ ਸ਼ਰਤਾਂ ਪਹਿਲਾਂ ਜਾਰੀ ਕੀਤੇ ਗਏ ਆਰਜ਼ੀ ਸਰਟੀਫਿਕੇਟ ਅਨੁਸਾਰ ਹੀ ਹੋਣਗੀਆਂ। ਸਕੂਲ ਦਾ ਮਾਨਤਾ ਪ੍ਰਾਪਤ ਕੋਡ ਨੰਬਰ ਆਰ.ਟੀ.ਈ ਅੰਮ੍ਰਿਤਸਰ-01980649 ਹੋਵੇਗਾ।
10. ਸਕੂਲ, The Punjab Regulation of Fee of Unaided Educational Institutions Act, 2016 (Punjab Act No. 47 of 2016). ਵਿੱਚ ਦਰਜ ਸ਼ਰਤਾਂ ਅਤੇ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕਰਨ ਦਾ ਪਾਬੰਧ ਰਹੇਗਾ।
11. ਸਕੂਲ/ਸੰਸਥਾ ਆਰ.ਟੀ.ਈ ਐਕਟ 2009 ਦੀਆਂ ਸਾਰੀਆਂ ਸ਼ਰਤਾਂ ਅਤੇ ਨਿਯਮਾਂ ਨੂੰ ਲਾਗੂ ਕਰਨ ਦਾ ਪਾਬੰਧ ਹੋਵੇਗਾ। ਜੇਕਰ ਸਕੂਲ/ਸੰਸਥਾ ਆਰ.ਟੀ.ਈ ਐਕਟ ਦੇ ਕਿਸੇ ਵੀ ਧਾਰਾ/ਨਿਯਮ ਜਾਂ ਵਿਭਾਗ ਵੱਲੋਂ ਜਾਰੀ ਕੀਤੀਆਂ ਹਦਾਇਤਾਂ ਦੀ ਉਲੰਘਣਾ ਕਰਦਾ ਪਾਇਆ ਜਾਂਦਾ ਹੈ ਤਾਂ ਸਕੂਲ ਦੀ ਮਾਨਤਾ ਰੱਦ ਕਰ ਦਿੱਤੀ ਜਾਵੇਗੀ ।

ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ),
ਅੰਮ੍ਰਿਤਸਰ।

ਪਿੱਠ ਅੰਕਣ ਨੰ: ਉਕਤ

ਮਿਤੀ:- 14-8-19

ਉਤਾਰਾ:-ਮੈਨੇਜਰ / ਚੇਅਰਮੈਨ / ਪ੍ਰਧਾਨ, ਸਟਾਲਵਰਟ'ਜ਼ ਵਰਲਡ ਸਕੂਲ, ਸਾਹਮਣੇ ਫੋਰਟੀਜ਼ ਐਸਕੋਰਟ ਹਸਪਤਾਲ, ਵੇਰਕਾ ਬਾਈਪਾਸ, ਨੇੜੇ ਰੇਲਵੇ ਲਾਈਨ, ਅੰਮ੍ਰਿਤਸਰ ।

2. ਬਲਾਕ ਐਲੀਮੈਂਟਰੀ ਸਿੱਖਿਆ ਅਫਸਰ, ਅੰਮ੍ਰਿਤਸਰ-2

ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ),

Principal,
Stalwarts World School,
Amritsar